# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 26-09-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਸਰਕਾਰ ਨੇ ਔਰਤਾਂ ਨੂੰ ਧਿਆਨ ਵਿਚ ਰੱਖ ਕੇ ਕਈ ਯੋਜਨਾਵਾਂ ਅਤੇ ਪ੍ਰੋਗਰਾਮ ਸ਼ੁਰੂ ਕੀਤੇ ਨੇ, ਜਿਨ੍ਹਾਂ ਦਾ ਸਮਾਜ ਦੇ ਹਰ ਵਰਗ ਨੂੰ ਲਾਭ ਹੋਇਆ ਏ।
- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 21ਵੀਂ ਕਿਸ਼ਤ ਜਾਰੀ ਕੀਤੀ।
- ਭਾਰਤੀ ਹਵਾਈ ਸੈਨਾ ਵਲੋਂ ਚੰਡੀਗੜ੍ਹ ਵਿੱਚ ਅੱਜ 6 ਦਹਾਕਿਆਂ ਦੀ ਰਾਸ਼ਟਰ ਸੇਵਾ ਤੋਂ ਬਾਅਦ, ਮਿਗ-21 ਜਹਾਜ਼ ਨੂੰ ਵਿਦਾਈ।
- ਪੰਜਾਬ ਦੇ ਹੜ੍ਹ ਪੀੜਤਾਂ ਨੂੰ ਰਾਹਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੰਜਾਬ ਵਿਧਾਨ ਸਭਾ ਦਾ ਇੱਕ 4 ਦਿਨਾ ਵਿਸ਼ੇਸ਼ ਇਜਲਾਸ ਅੱਜ ਤੋਂ ਸ਼ੁਰੂ ਹੋਇਆ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਸੂਬੇ ਭਰ ਵਿੱਚ ਕਾਨੂੰਨ ਵਿਵਸਥਾ ਦੇ ਹਾਲਾਤ ਉਤੇ ਸਖਤ ਨਜ਼ਰ ਰੱਖਣ ਦੀ ਹਦਾਇਤ ਕੀਤੀ। ਅਤੇ
- ਏਸ਼ੀਆ ਕੱਪ ਟਵੇਂਟੀ-ਟਵੇਂਟੀ ਦੇ ਸੁਪਰ 4 ਗੇੜ ਵਿੱਚ, ਅੱਜ ਸ਼ਾਮ ਭਾਰਤ ਦਾ ਮੁਕਾਬਲਾ ਸ੍ਰੀਲੰਕਾ ਨਾਲ ਹੋਵੇਗਾ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਔਰਤਾਂ ਨੂੰ ਧਿਆਨ ਵਿਚ ਰੱਖ ਕੇ ਕਈ ਯੋਜਨਾਵਾਂ ਅਤੇ ਪ੍ਰੋਗਰਾਮ ਸ਼ੁਰੂ ਕੀਤੇ ਨੇ, ਜਿਨ੍ਹਾਂ ਦਾ ਸਮਾਜ ਦੇ ਹਰ ਵਰਗ ਨੂੰ ਲਾਭ ਹੋਇਆ ਏ। ਬਿਹਾਰ ਲਈ ਮੁੱਖ ਮੰਤਰੀ ਮਹਿਲਾ ਰੁਜ਼ਗਾਰ ਯੋਜਨਾ ਦੇ ਉਦਘਾਟਨ ਮੌਕੇ ਨਵੀਂ ਦਿੱਲੀ ਤੋਂ ਵੀਡੀਓ ਕਾਨਫਰੰਸ ਰਾਹੀਂ ਬੋਲਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ, 75 ਲੱਖ ਤੋਂ ਵੱਧ ਮਹਿਲਾ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ 10-10 ਹਜ਼ਾਰ ਰੁਪਏ ਦਾ ਸਿੱਧਾ ਟ੍ਰਾਂਸਫਰ ਮਿਲਿਆ ਏ। ਉਨ੍ਹਾਂ ਕਿਹਾ ਕਿ ਜਨ ਧਨ ਯੋਜਨਾ ਦੇ ਤਹਿਤ, 30 ਕਰੋੜ ਔਰਤਾਂ ਦੇ ਬੈਂਕ ਖਾਤੇ ਖੋਲ੍ਹੇ ਗਏ ਨੇ ।

BYTE

ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਬਿਹਾਰ ਵਿੱਚ 50 ਲੱਖ ਤੋਂ ਵੱਧ ਘਰ ਬਣਾਏ ਗਏ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਔਰਤਾਂ ਦੇ ਨਾਵਾਂ 'ਤੇ ਰਜਿਸਟਰਡ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਔਰਤਾਂ ਨੂੰ ਆਯੁਸ਼ਮਾਨ ਭਾਰਤ ਯੋਜਨਾ ਅਤੇ ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਤੋਂ ਬਹੁਤ ਲਾਭ ਹੋਇਆ ਏ।

BYTE

---

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 21ਵੀਂ ਕਿਸ਼ਤ ਜਾਰੀ ਕੀਤੀ। ਇਸ ਮੌਕੇ 'ਤੇ, ਉਨ੍ਹਾਂ ਕਿਹਾ ਕਿ ਲਗਭਗ 2 ਲਖ 70 ਹਜ਼ਾਰ ਮਹਿਲਾ ਕਿਸਾਨ ਸਮੇਤ 27 ਲੱਖ ਤੋਂ ਵੱਧ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੁੱਲ 540 ਕਰੋੜ ਰੁਪਏ ਤੋਂ ਵੱਧ ਦੀ ਰਕਮ ਟ੍ਰਾਂਸਫਰ ਕੀਤੀ ਗਈ ਏ । ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਉਨ੍ਹਾਂ ਕਿਸਾਨਾਂ ਨੂੰ ਤਰਜੀਹ ਦਿੱਤੀ ਗਈ ਏ ਜੋ ਹਾਲ ਹੀ ਵਿੱਚ ਆਏ ਹੜ੍ਹਾਂ ਅਤੇ ਜ਼ਮੀਨ ਖਿਸਕਣ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਇਹ ਕਿਸ਼ਤ ਕਿਸਾਨਾਂ ਨੂੰ ਹਾਲ ਹੀ ਵਿੱਚ ਆਈਆਂ ਆਫ਼ਤਾਂ ਤੋਂ ਉਭਰਨ ਵਿੱਚ ਮਦਦ ਕਰੇਗੀ।

BYTE

ਪੰਜਾਬ ,ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ-ਨਾਲ ਕਿਸਾਨ ਸਮੂਹਾਂ ਦੇ ਨੁਮਾਇੰਦਿਆਂ ਨੇ ਕਾਨਫਰੰਸ ਵਿੱਚ ਵਰਚੁਅਲ ਤੌਰ 'ਤੇ ਹਿੱਸਾ ਲਿਆ। ਮੰਤਰਾਲੇ ਨੇ ਕਿਹਾ ਕਿ ਇਸ ਰਕਮ ਦੇ ਜਾਰੀ ਹੋਣ ਨਾਲ, ਫਰਵਰੀ 2019 ਵਿੱਚ ਇਸਦੀ ਸ਼ੁਰੂਆਤ ਤੋਂ ਬਾਅਦ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੇ ਤਹਿਤ ਇਨ੍ਹਾਂ ਤਿੰਨਾਂ ਰਾਜਾਂ ਨੂੰ ਵੰਡੀ ਗਈ ਕੁੱਲ ਰਕਮ  13 ਹਜ਼ਾਰ ਕਰੋੜ ਤੋਂ ਵੱਧ ਹੋ ਗਈ ਏ।

------------------------------------------------------------------

ਭਾਰਤੀ ਹਵਾਈ ਸੈਨਾ ਨੇ ਚੰਡੀਗੜ੍ਹ ਵਿੱਚ ਅੱਜ 6 ਦਹਾਕਿਆਂ ਦੀ ਰਾਸ਼ਟਰ ਸੇਵਾ ਤੋਂ ਬਾਅਦ, ਮਿਗ-21 ਜਹਾਜ਼ ਨੂੰ ਵਿਦਾਈ ਦਿੱਤੀ। ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਇਸ ਜਹਾਜ਼ ਨੂੰ ਸੇਵਾਮੁਕਤ ਕਰ ਦਿੱਤਾ ਗਿਆ। ਇਸ ਮੌਕੇ 'ਤੇ ਬੋਲਦੇ ਹੋਏ, ਰਾਜਨਾਥ ਸਿੰਘ ਨੇ, 1971 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਮਿਗ-21 ਦੀ ਭੂਮਿਕਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਕਈ ਮੌਕੇ ਆਏ ਜਦੋਂ ਮਿਗ-21 ਨੇ ਆਪਣੀ ਨਿਰਣਾਇਕ ਸਮਰੱਥਾ ਸਾਬਤ ਕੀਤੀ।

BYTE

ਮਿਗ-21 ਨੂੰ 1963 ਵਿੱਚ ਭਾਰਤੀ ਹਵਾਈ ਸੈਨਾ ਵਿੱਚ ਸ਼ਾਮਲ ਕੀਤਾ ਗਿਆ ਸੀ। ਮਿਗ-21 ਦੇਸ਼ ਦਾ ਪਹਿਲਾ ਸੁਪਰਸੋਨਿਕ ਲੜਾਕੂ ਜਹਾਜ਼ ਸੀ ਜਿਸਨੇ 1965 ਅਤੇ 1971 ਦੀਆਂ ਭਾਰਤ-ਪਾਕਿਸਤਾਨੀ ਜੰਗਾਂ ਵਿੱਚ ਫੈਸਲਾਕੁੰਨ ਭੂਮਿਕਾ ਨਿਭਾਈ, ਜਿਸ ਨਾਲ ਪਾਕਿਸਤਾਨੀ ਹਵਾਈ ਸੈਨਾ ਨੂੰ ਭਾਰੀ ਨੁਕਸਾਨ ਹੋਇਆ। ਏਅਰ ਚੀਫ਼ ਮਾਰਸ਼ਲ ਏ.ਪੀ ਸਿੰਘ ਨੇ ਬਾਦਲ-3 ਨਾਮ ਦੇ ਸਕੁਐਡਰਨ ਦੀ ਆਖਰੀ ਉਡਾਣ ਭਰੀ।

------------------------------------------------------------------

ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੌਰਾਨ ਸੂਬੇ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਆਪਣੀ ਜਾਨ ਗਵਾਉਣ ਵਾਲੇ 59 ਨਾਗਰਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਜਲਾਸ ਦੀ ਸ਼ੁਰੂਆਤ ਵਿੱਚ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਸਮੂਹ ਮੈਂਬਰਾਂ ਵੱਲੋਂ ਹੋਰਨਾਂ ਵਿਛੜੀਆਂ ਰੂਹਾਂ ਨੂੰ ਵੀ ਸ਼ਰਧਾਂਜਲੀ ਦਿੱਤੀ ਗਈ। ਇਸ ਵਿੱਚ ਪੰਜਾਬ ਦੇ ਸਾਬਕਾ ਮੰਤਰੀ ਹਰਮੇਲ ਸਿੰਘ ਟੌਹੜਾ, ਸਾਬਕਾ ਵਿਧਾਇਕ ਰਘੁਬੀਰ ਸਿੰਘ, ਲੈਫਟੀਨੈਂਟ ਕਰਨਲ ਸ਼ਹੀਦ ਭਾਨੂੰ ਪ੍ਰਤਾਪ ਸਿੰਘ ਮਨਕੋਟੀਆ, ਏ.ਐਲ.ਡੀ. ਸ਼ਹੀਦ ਦਲਜੀਤ ਸਿੰਘ, ਲਾਂਸ ਨਾਇਕ ਸ਼ਹੀਦ ਰਿੰਕੂ ਸਿੰਘ ਤੇ ਸ਼ਹੀਦ ਪ੍ਰਿਤਪਾਲ ਸਿੰਘ, ਸਿਪਾਹੀ ਸ਼ਹੀਦ ਹਰਮਿੰਦਰ ਸਿੰਘ, ਅਦਾਕਾਰ ਤੇ ਕਾਮੇਡੀਅਨ ਜਸਵਿੰਦਰ ਸਿੰਘ ਭੱਲਾ ਸੰਗੀਤਕਾਰ

ਚਰਨਜੀਤ ਅਹੂਜਾ ਅਤੇ ਵਿਧਾਇਕ ਅਸ਼ਵਨੀ ਸ਼ਰਮਾ ਦੇ ਭਰਾ ਰਾਮ ਪ੍ਰਸ਼ਾਦ ਸ਼ਰਮਾ ਦੇ ਅਕਾਲ ਚਲਾਣੇ ਉੱਤੇ ਦੁੱਖ ਦਾ ਪ੍ਰਗਟਾਵਾ ਕੀਤਾ। ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ। ਸਪੀਕਰ ਨੇ ਸਦਨ ਦੀ ਕਾਰਵਾਈ ਸ਼ੁਰੂ ਕੀਤੀ ਤਾ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਹੜਾਂ ਚ ਹੋਏ ਨੁਕਸਾਨ ਲਈ, ਪੰਜਾਬ ਸਰਕਾਰ ਦੀ ਨੁਕਤਾਚੀਨੀ ਕੀਤੀ । ਇਸ ਮਗਰੋਂ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਅਤੇ ਵਿਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੀ ਇਸ ਬਹਿਸ ਵਿਚ ਹਿੱਸਾ ਲਿਆ । ਖਬਰਾਂ ਲਿਖੇ ਜਾਣ ਤਕ ਸਦਨ ਦੀ ਕਾਰਵਾਈ ਜਾਰੀ ਸੀ।

---------------------------------------------------------------------

ਕੇਂਦਰੀ ਮੰਤਰੀ ਜਤਿੰਦਰ ਸਿੰਘ ਨੇ ਜ਼ਿਲਾ ਪਠਾਨਕੋਟ ਦੇ ਹੜ ਪ੍ਰਭਾਵਿਤ ਇਲਾਕਿਆਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਮਾਧੋਪੁਰ ਹੈੱਡਵਰਕਸ ਪਹੁੰਚੇ। ਉਨ੍ਹਾਂ ਹੜ੍ਹਾਂ ਦੇ ਕਾਰਨਾਂ 'ਤੇ ਵਿਚਾਰ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ।

BYTE

ਇਸ ਮੌਕੇ ਉਨ੍ਹਾਂ ਦੇ ਨਾਲ ਪੰਜਾਬ BJP ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਵੀ ਮੌਜੂਦ ਰਹੇ।

---------------------------------------------------------------------

ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ. ਹੁਣ ਲੋਕ GST ਸੁਧਾਰਾਂ ਦਾ ਲਾਭ ਉਠਾ ਸਕਦੇ ਨੇ, ਜੋ ਕਿ ਇਸ ਮਹੀਨੇ ਦੀ 22 ਤਰੀਕ ਤੋਂ ਲਾਗੂ ਹੋ ਚੁੱਕੇ ਨੇ. ਨਵੇਂ ਢਾਂਚੇ ਤਹਿਤ, ਜੀਐਸਟੀ ਕੌਂਸਲ ਨੇ ਪਹਿਲਾਂ ਦੇ ਚਾਰ-ਪੱਧਰੀ ਢਾਂਚੇ ਨੂੰ ਸਰਲ ਬਣਾ ਕੇ 5 ਫੀਸਦੀ ਅਤੇ 18 ਫੀਸਦੀ ਦੇ ਦੋ ਪੱਧਰੀ ਢਾਂਚੇ ਵਿੱਚ ਬਦਲ ਦਿੱਤਾ ਏ। ਵਸਤਾਂ ਅਤੇ ਸੇਵਾਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ 'ਤੇ ਟੈਕਸ ਦਰਾਂ ਘਟਾ ਕੇ, ਸੁਧਾਰ ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ.

ਇਕ ਰਿਪੋਰਟ :RNU260925

ਘਰੇਲੂ ਵਸਤਾਂ ਅਤੇ ਵਿਦਿਆਰਥੀਆਂ ਲਈ ਇੱਕ ਵੱਡੀ ਰਾਹਤ ਵਜੋਂ, ਸਰਕਾਰ ਨੇ ਵੱਖ-ਵੱਖ ਖੇਤਰਾਂ 'ਤੇ ਜੀਐਸਟੀ ਘਟਾ ਕੇ ਆਮ ਆਦਮੀ ਨੂੰ ਰਾਹਤ ਦੇਣ ਲਈ ਇੱਕ ਅਹਿਮ ਕਦਮ ਚੁੱਕਿਆ ਏ । ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਨੋਟਬੁੱਕ, ਗ੍ਰਾਫ ਬੁੱਕ, ਸ਼ਾਰਪਨਰ, ਪੈਨਸਿਲ ਵਰਗੀਆਂ ਸਟੇਸ਼ਨਰੀ ਵਸਤਾਂ ਨੂੰ ਪੂਰੀ ਤਰ੍ਹਾਂ ਟੈਕਸ ਮੁਕਤ ਕਰ ਦਿੱਤਾ ਗਿਆ ਏ । ਇਸ ਖੇਤਰ ਵਿੱਚ ਟੈਕਸ ਕਟੌਤੀ ਵਿਦਿਆਰਥੀਆਂ 'ਤੇ ਮਾਲੀ ਦਬਾਅ ਨੂੰ ਘੱਟ ਕਰੇਗੀ ਅਤੇ ਇਨ੍ਹਾਂ ਉਤਪਾਦਾਂ ਨੂੰ ਹੋਰ ਕਿਫਾਇਤੀ ਬਣਾ ਦੇਵੇਗੀ। ਇਸੇ ਤਰ੍ਹਾਂ ਦੀ ਕਟੌਤੀ 2 ਹਜ਼ਾਰ 500 ਰੁਪਏ ਤਕ ਦੀਆਂ ਜੁੱਤੀਆਂ ਲਈ ਵੀ ਕੀਤੀ ਗਈ ਏ । ਟੈਕਸ ਦਰਾਂ ਵਿੱਚ ਇਹ ਅਹਿਮ ਕਟੌਤੀ ਨਾ ਸਿਰਫ਼ ਆਮ ਆਦਮੀ ਲਈ ਉਤਪਾਦਾਂ ਨੂੰ ਕਿਫਾਇਤੀ ਬਣਾਏਗੀ ਸਗੋਂ ਨਿਰਮਾਣ ਇਕਾਈ ਅਤੇ ਦੇਸ਼ ਦੀ ਆਰਥਿਕਤਾ ਨੂੰ ਵੀ ਹੁਲਾਰਾ ਦੇਵੇਗੀ। ਇਸ ਦੇ ਨਾਲ, ਸਰਕਾਰ ਨੇ ਲੱਕੜ, ਪੱਥਰ ਅਤੇ ਧਾਤਾਂ ਤੋਂ ਬਣੀਆਂ ਮੂਰਤੀਆਂ 'ਤੇ ਟੈਕਸ

ਦਰ ਨੂੰ ਵੀ ਘਟਾ ਕੇ 5 ਫੀਸਦੀ ਕਰ ਦਿੱਤਾ . ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮਹੀਨੇ ਦੀ 21 ਤਰੀਕ ਨੂੰ ਨਾਗਰਿਕਾਂ ਨੂੰ ਘਰੇਲੂ ਸਨਅਤਾਂ, ਛੋਟੇ ਨਿਰਮਾਤਾਵਾਂ, ਸਥਾਨਕ ਕਾਰੀਗਰਾਂ ਅਤੇ MSME ਦੀ ਹਮਾਇਤ ਕਰਦੇ ਹੋਏ ਸਵਦੇਸ਼ੀ ਉਤਪਾਦਾਂ ਨੂੰ ਅਪਣਾਉਣ ਦੀ ਅਪੀਲ ਕੀਤੀ ਸੀ |

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਉਨ੍ਹਾਂ ਦੀ ਜੈਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਨੂੰ ਸੂਬੇ ਭਰ ਵਿੱਚ ਕਾਨੂੰਨ ਵਿਵਸਥਾ ਦੇ ਹਾਲਾਤ ਉਤੇ ਸਖਤ ਨਜ਼ਰ ਰੱਖਣ ਦੀ ਹਦਾਇਤ ਕੀਤੀ। ਪੁਲਿਸ ਅਧਿਕਾਰੀਆਂ ਨਾਲ ਵਰਚੂਅਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਆਖਿਆ ਕਿ ਹੜ੍ਹ ਪੀੜਤਾਂ ਦਾ ਸਮੇਂ ਸਿਰ ਮੁੜ-ਵਸੇਬਾ ਯਕੀਨੀ ਬਣਾਉਣ ਲਈ ਇਨ੍ਹਾਂ ਅਧਿਕਾਰੀਆਂ ਦੀ ਸਿਵਲ ਪ੍ਰਸ਼ਾਸਨ ਵਿੱਚ ਆਪਣੇ ਹਮਰੁਤਬਾ ਅਧਿਕਾਰੀਆਂ ਨਾਲ ਤਾਲਮੇਲ ਰੱਖਣ ਦੀ ਲੋੜ ਏ । ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਹੜ੍ਹਾਂ

ਦੌਰਾਨ ਅਸਲ ਨੁਕਸਾਨ ਝੱਲਣ ਵਾਲੇ ਪੀੜਤਾਂ ਨੂੰ ਜ਼ਰੂਰ ਮੁਆਵਜ਼ਾ ਮਿਲੇ। ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਇਸ ਮੰਤਵ ਲਈ ਉਤਸ਼ਾਹ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਰਾਹਤ ਕਾਰਜ ਸੁਚਾਰੂ ਹੋਣ ਤਾਂ ਕਿ ਪੀੜਤਾਂ ਤੱਕ ਸਹਾਇਤਾ ਨਿਰਵਿਘਨ ਪੁੱਜੇ। ਅਪਰਾਧ ਅਤੇ ਅਪਰਾਧਿਕ ਤੱਤਾਂ ਨਾਲ ਬਿਲਕੁੱਲ ਲਿਹਾਜ਼ ਨਾ ਵਰਤਣ ਦੀ ਨੀਤੀ ਦੁਹਰਾਉਂਦਿਆਂ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਸੂਬੇ ਭਰ ਵਿੱਚ ਕਾਨੂੰਨ ਵਿਵਸਥਾ ਬਰਕਰਾਰ ਰੱਖਣ ਦੀਆਂ ਕੋਸ਼ਿਸ਼ਾਂ ਤੇਜ਼ ਕਰਨ ਲਈ ਆਖਿਆ।

------------------------------------------------------------------------

ਲੁਧਿਆਣਾ ਸਥਿਤ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੋ ਦਿਨਾ ਪਸ਼ੂ ਪਾਲਣ ਮੇਲੇ ਦੀ ਸ਼ੁਰੂਆਤ ਹੋਈ ਈ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸੱਟ, ਨੇ ਇਸਦਾ ਉਦਘਾਟਨ ਕੀਤਾ । ਉਨ੍ਹਾਂ ਨੇ ਕਿਸਾਨਾਂ ਲਈ ਖੋਜ ਤਕਨਾਲੋਜੀਆਂ ਅਤੇ ਹੋਰ ਸਹੂਲਤਾਂ ਦੇ ਪ੍ਰਦਰਸ਼ਨ ਲਈ ਯੂਨੀਵਰਸਿਟੀ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਪ-ਕੁਲਪਤੀ, ਡਾ. ਜਤਿੰਦਰ ਪਾਲ ਸਿੰਘ ਗਿੱਲ, ਨੇ ਕਿਹਾ ਕਿ ਮੇਲਾ ਡੇਅਰੀ ਪਸ਼ੂਆਂ ਦੀ ਅਗਲੀ ਨਸਲ ਭਾਵ ਕਟੜੂਆਂ-ਵਛੜੂਆਂ ਨੂੰ ਬਿਹਤਰ ਸੰਭਾਲ ਦੇਣ ਸੰਬੰਧੀ ਜਾਗਰੂਕਤਾ

ਦੇਵੇਗਾ, ਇਸੇ ਲਈ ਇਸ ਵਾਰ ਦੇ ਮੇਲੇ ਦਾ ਨਾਅਰਾ ਰੱਖਿਆ ਏ 'ਕਟੜੂ-ਵਛੜੂ ਦਾ ਸੁਚੱਜਾ ਪ੍ਰਬੰਧ, ਬਣਾਏ ਡੇਅਰੀ ਕਿੱਤੇ ਨੂੰ ਲਾਹੇਵੰਦ'।

---------------------------------------------------------------------

ਪੰਜਾਬ ਸਰਕਾਰ ਸੂਬੇ ਵਿੱਚ ਬਾਗਵਾਨੀ ਖ਼ੇਤਰ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸੇ ਤਹਿਤ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਵੱਲੋਂ ਸੂਬੇ ਦੇ ਵੱਖ ਵੱਖ ਜਿਲ੍ਹਿਆਂ ਦੇ ਕੋਲਡ ਸਟੋਰੇਜ ਯੂਨਿਟਾਂ ਦੇ ਮਾਲਕਾਂ ਅਤੇ ਕਿਸਾਨਾਂ ਨਾਲ ਪੰਜਾਬ ਭਵਨ, ਚੰਡੀਗੜ੍ਹ ਵਿਖੇ ਇਕ ਵਿਸ਼ੇਸ਼ ਮੀਟਿੰਗ ਦੀ ਕੀਤੀ ਗਈ। ਇਸ ਮੀਟਿੰਗ ਦੌਰਾਨ ਕੋਲਡ ਸਟੋਰੇਜ ਯੂਨਿਟਾਂ ਦੇ ਮਾਲਕਾਂ ਅਤੇ ਕਿਸਾਨਾਂ ਨੇ ਬਾਗ਼ਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੂੰ ਆਪਣੀਆਂ ਮੁਸਕਲਾਂ ਬਾਰੇ ਵਿਸਥਾਰ ਪੂਰਵਕ ਜਾਣੂ ਕਰਵਾਇਆ। ਮੰਤਰੀ ਵੱਲੋਂ ਉਨ੍ਹਾਂ ਦੀਆਂ ਮੁਸਕਲਾਂ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਉਨ੍ਹਾ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।

---------------------------------------------------------------------

ਅੰਮ੍ਰਿਤਸਰ ਸਥਿਤ ਗੁਰੂ ਨਾਨਕਦੇਵ ਯੂਨੀਵਰਸਿਟੀ ਦੀ ਐਨ.ਐਸ.ਐਸ ਇਕਾਈ ਵੱਲੋਂ ਆਯੁਰਵੇਦ ਦਿਵਸ ਨੂੰਪੂਰੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਮਕਸਦ ਵਿ਼ਿਦਆਰਥੀਆਂ ਅਤੇ

ਅਧਿਆਪਕਾਂ ਨੂੰ ਆਯੁਰਵੇਦ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ, ਜੋ ਭਾਰਤ ਦੀ ਪੁਰਾਣੀ ਵਿ ਿਦਆ ਏ ਅਤੇ ਸਿਹਤਮੰਦ ਜੀਵਨ ਜਿਉਣ ਵਿੱਚ ਮਦਦ ਕਰਦੀ ਏ । ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ , ਆਯੁਸ਼ ਦੇ ਡਿਪਟੀ ਡਾਇਰੈਕਟਰ ਡਾ. ਦਿਨੇਸ਼ ਕੁਮਾਰ ਨੇ ਸ਼ਿਰਕਤ ਕਰਦਿਆਂ ਕਿਹਾ ਕਿ ਆਯੁਰਵੇਦ ਸਿਰਫ਼ ਦਵਾਈ ਦਾ ਢੰਗ ਨਹੀਂ, ਸਗੋਂ ਜੀਵਨ ਜਿਉਣ ਦਾ ਤਰੀਕਾ ਏ । ਜੇ ਅਸੀਂ ਇਸਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਅਪਣਾਈਏ, ਤਾਂ ਇਹ ਸਾਡੇ ਸਰੀਰ, ਮਨ ਅਤੇ ਆਤਮਾ ਵਿੱਚ ਸੰਤੁਲਨ ਲਿਆ ਸਕਦਾ ਏ । ਨੌਜਵਾਨਾਂ ਨੂੰ ਇਸ ਭਾਰਤੀ ਵਿਰਸੇ ਨੂੰ ਮੁੜ ਖੋਜਣ ਅਤੇ ਅਜੋਕੇ ਜੀਵਨ ਵਿੱਚ ਵਰਤਣ ਦੀ ਲੋੜ ਏ ।

-----------------------------------------------------------------------

ਜਲੰਧਰ ਦੇ ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਅੰਡਰ ਅਫ਼ਸਰ ਸਮਰਿਧੀ ਕੌਸ਼ਲ ਨੇ ਨਵੀਂ ਦਿੱਲੀ ਵਿੱਚ ਆਯੋਜਿਤ ਵੱਕਾਰੀ ਸਰਬ ਭਾਰਤੀ ਥਲ ਸੈਨਾ ਕੈਂਪ ਵਿੱਚ ਹਿੱਸਾ ਲੈ ਕੇ ਸੰਸਥਾ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਇਸ ਕੈਂਪ ਲਈ ਪੂਰੀ 2 ਪੰਜਾਬ ਐੱਨਸੀਸੀ ਬਟਾਲੀਅਨ ਵਿੱਚੋਂ ਚੁਣੇ ਗਏ ਇਕਲੌਤੇ ਕੈਡਿਟ ਹੋਣ ਦਾ ਵਿਲੱਖਣ ਮਾਣ ਪ੍ਰਾਪਤ ਕੀਤਾ ਏ । ਇਸ ਸ਼ਾਨਦਾਰ ਪ੍ਰਾਪਤੀ ਲਈ, ਕਮਾਂਡਿੰਗ ਅਫ਼ਸਰ

ਕਰਨਲ ਵਿਨੋਦ ਜੋਸ਼ੀ ਨੇ ਸਮਰਿਧੀ ਨੂੰ ਇੱਕ ਬਟਾਲੀਅਨ ਸਮਾਰਕ ਅਤੇ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ|

---------------------------------------------------------------------

ਏਸ਼ੀਆ ਕੱਪ ਟਵੇਂਟੀ-ਟਵੇਂਟੀ ਵਿੱਚ, ਭਾਰਤ ਦਾ ਮੁਕਾਬਲਾ ਅੱਜ ਸ਼ਾਮ ਦੁਬਈ ਇੰਟਰਨੈਸ਼ਨਲ ਸਟੇਡੀਅਮ ਵਿੱਚ ਸੁਪਰ 4 ਗੇੜ  ਵਿੱਚ ਸ੍ਰੀਲੰਕਾ ਨਾਲ ਹੋਵੇਗਾ | ਮੈਚ ਰਾਤ 8 ਵਜੇ ਸ਼ੁਰੂ ਹੋਵੇਗਾ। ਭਾਰਤ ਪਹਿਲਾਂ ਹੀ ਫਾਈਨਲ ਲਈ ਕੁਆਲੀਫਾਈ ਕਰ ਚੁੱਕਾ ਏ। ਐਤਵਾਰ ਨੂੰ ਫਾਈਨਲ ਵਿੱਚ ਭਾਰਤ ਅਤੇ ਪਾਕਿਸਤਾਨ ਇੱਕ ਦੂਜੇ ਦਾ ਸਾਹਮਣਾ ਕਰਨਗੇ।

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਸਰਕਾਰ ਨੇ ਔਰਤਾਂ ਨੂੰ ਧਿਆਨ ਵਿਚ ਰੱਖ ਕੇ ਕਈ ਯੋਜਨਾਵਾਂ ਅਤੇ ਪ੍ਰੋਗਰਾਮ ਸ਼ੁਰੂ ਕੀਤੇ ਨੇ, ਜਿਨ੍ਹਾਂ ਦਾ ਸਮਾਜ ਦੇ ਹਰ ਵਰਗ ਨੂੰ ਲਾਭ ਹੋਇਆ ਏ।
- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 21ਵੀਂ ਕਿਸ਼ਤ ਜਾਰੀ ਕੀਤੀ।

- ਭਾਰਤੀ ਹਵਾਈ ਸੈਨਾ ਵਲੋਂ ਚੰਡੀਗੜ੍ਹ ਵਿੱਚ ਅੱਜ 6 ਦਹਾਕਿਆਂ ਦੀ ਰਾਸ਼ਟਰ ਸੇਵਾ ਤੋਂ ਬਾਅਦ, ਮਿਗ-21 ਜਹਾਜ਼ ਨੂੰ ਵਿਦਾਈ।
- ਪੰਜਾਬ ਦੇ ਹੜ੍ਹ ਪੀੜਤਾਂ ਨੂੰ ਰਾਹਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੰਜਾਬ ਵਿਧਾਨ ਸਭਾ ਦਾ ਇੱਕ 4 ਦਿਨਾ ਵਿਸ਼ੇਸ਼ ਇਜਲਾਸ ਅੱਜ ਤੋਂ ਸ਼ੁਰੂ ਹੋਇਆ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਸੂਬੇ ਭਰ ਵਿੱਚ ਕਾਨੂੰਨ ਵਿਵਸਥਾ ਦੇ ਹਾਲਾਤ ਉਤੇ ਸਖਤ ਨਜ਼ਰ ਰੱਖਣ ਦੀ ਹਦਾਇਤ ਕੀਤੀ। ਅਤੇ
- ਏਸ਼ੀਆ ਕੱਪ ਟਵੇਂਟੀ-ਟਵੇਂਟੀ ਦੇ ਸੁਪਰ 4 ਗੇੜ ਵਿੱਚ, ਅੱਜ ਸ਼ਾਮ ਭਾਰਤ ਦਾ ਮੁਕਾਬਲਾ ਸ਼੍ਰੀਲੰਕਾ ਨਾਲ ਹੋਵੇਗਾ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!**